08-Dec-PTA-FGS-Pages.qxd 12/8/2024 11:35 AM Page 4









ਨਵਜੀਵਨੀ ਸਕੂਲ ਆਫ਼ ਸਪੈਸ਼ਲ ਐਜੂਕੇਸ਼ਨ ਵਿਖੇ ਕਰਵਾਏ ਗਏ ਸਮਾਗਮ ਦਾ ਦ੍ਰਿਸ਼। ਅਜੀਤ ਤਸਵੀਰ

# ਨਵਜੀਵਨੀ ਸਕੂਲ ਆਫ਼ ਸਪੈਸ਼ਲ ਐਜੂਕੇਸ਼ਨ ਨੇ 'ਵਿਸ਼ਵ ਦਿਵਿਆਂਗ ਦਿਵਸ' ਮਨਾਇਆ

ਪਟਿਆਲਾ, 8 ਦਸੰਬਰ (ਧਰਮਿੰਦਰ ਸਿੰਘ ਸਿੱਧੂ)-ਵਿਸ਼ਵ ਦਿਵਿਆਂਗ ਦਿਵਸ ਦੇ ਮੌਕੇ 'ਤੇ ਨਵਜੀਵਨੀ ਸਕੂਲ ਆਫ਼ ਸਪੈਸ਼ਲ ਐਜੂਕੇਸ਼ਨ, ਸੂਲਰ ਪਟਿਆਲਾ ਨੇ ਬੌਧਿਕ ਅਸਮਰਥਤਾ ਵਾਲੇ ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਕਾਬਲੀਅਤਾਂ ਨੂੰ ਪ੍ਰਦਰਸ਼ਿਤ ਕਰਨ ਲਈ ਇਕ ਸ਼ਾਨਦਾਰ ਸਮਾਗਮ ਦਾ ਕਰਵਾਇਆ ਗਿਆ। ਵਿਦਿਆਰਥੀਆਂ ਨੇ ਆਪਣੀ ਰਚਨਾਤਮਕਤਾ ਅਤੇ ਸਮਰਪਣ ਦਾ ਪ੍ਰਦਰਸ਼ਨ ਕਰਦੇ ਹੋਏ ਵੱਖ-ਵੱਖ ਸਭਿਆਚਾਰਕ ਗਤੀਵਿਧੀਆਂ ਵਿਚ ਹਿੱਸਾ ਲਿਆ। ਇਸ ਸਮਾਗਮ ਵਿਚ ਪਤਵੰਤਿਆਂ ਨੇ ਸ਼ਿਰਕਤ ਕੀਤੀ, ਜਿਸ ਵਿਚ ਜੀਵਨ ਜੋਤ ਕੌਰ, ਪੀ.ਸੀ.ਐਸ., ਵਧੀਕ ਆਬਕਾਰੀ ਅਤੇ ਕਰ ਅਫ਼ਸਰ (ਪ੍ਰਸ਼ਾਸਨਿਕ), ਪੰਜਾਬ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਦੀ ਮੌਜੂਦਗੀ ਨੇ ਇਸ ਮੌਕੇ ਨੂੰ ਬਹੁਤ ਮਹੱਤਵ ਦਿੱਤਾ, ਜਿਸ ਨਾਲ ਦਿਵਿਆਂਗ ਲੋਕਾਂ ਦੇ ਸਸ਼ਕਤੀਕਰਨ ਲਈ ਅਜਿਹੇ ਸਮਾਗਮਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ ਗਿਆ। ਸ੍ਰੀਮਤੀ ਜੀਤਪਾਲ ਕੌਰ, ਏ.ਸੀ.ਟੀ., ਫ਼ਤਿਹਗੜ੍ਹ ਸਾਹਿਬ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਨਵਜੀਵਨੀ ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਹੋਰ ਪ੍ਰੇਰਿਤ ਕੀਤਾ। ਇਸ ਮੌਕੇ ਇੰਦਰਜੀਤ ਸਿੰਘ ਗਿੱਲ, ਰਿਟਾ. ਵਧੀਕ ਐਸ.ਸੀ. ਪੀਐਸਪੀਸੀਐਲ ਹਰਬੰਸ ਸਿੰਘ ਕੁਲਾਰ, ਪ੍ਰਸਿੱਧ ਫ਼ਿਲਮ ਨਿਰਮਾਤਾ, ਪ੍ਰਨੀਤ ਕੌਰ, ਸੀਨੀਅਰ ਉਦਯੋਗਿਕ ਪ੍ਰਮੋਸ਼ਨ ਅਫ਼ਸਰ, ਉਦਯੋਗ ਅਤੇ ਵਣਜ ਵਿਭਾਗ, ਅਕਸ਼ੈ ਕੁਮਾਰ ਪ੍ਰਧਾਨ, ਸ਼ਹੀਦ ਕਰਤਾਰ ਸਿੰਘ ਸਰਾਭਾ ਵੈੱਲਫੇਅਰ ਟਰੱਸਟ ਪਟਿਆਲਾ ਅਤੇ ਇੰਡੋ-ਬ੍ਰਿਟਿਸ਼ ਸਕੂਲ ਨਾਭਾ ਦੇ ਵਿਦਿਆਰਥੀਆਂ ਨੇ ਵੀ ਇਸ ਵਿਸ਼ੇਸ਼ ਦਿਹਾੜੇ ਨੂੰ ਮਨਾਇਆ। ਇਸ ਮੌਕੇ ਵਿਦਿਆਰਥਣ ਨੇ ਸ਼ਾਨਦਾਰ ਹਰਿਆਣਵੀ ਡਾਂਸ ਪੇਸ਼ ਕੀਤਾ। ਲੜਕਿਆਂ ਦੁਆਰਾ ਭੰਗੜਾ ਵੀ ਸ਼ਾਮਲ ਸੀ, ਜਿਸ ਨੇ ਸਰੋਤਿਆਂ ਨੂੰ ਝੂਮਣ ਲਾ ਦਿੱਤਾ ਸੀ। ਇਨ੍ਹਾਂ ਪ੍ਰਦਰਸ਼ਨਾਂ ਨੇ ਨਾ ਸਿਰਫ਼ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਉਜਾਗਰ ਕੀਤਾ ਸਗੋਂ ਸਮਾਵੇਸ਼ ਦੀ ਮਹੱਤਤਾ ਅਤੇ ਰੁਕਾਵਟਾਂ ਨੂੰ ਤੋੜਨ ਬਾਰੇ ਇਕ ਸ਼ਕਤੀਸ਼ਾਲੀ ਸੰਦੇਸ਼ ਵੀ ਦਿੱਤਾ।

# ਯੂਨੀਵਰਸਿਟੀ ਗਰਾਂਟਸ ਕਮਿਸ਼ਨ ਨੇ ਮੁਲਤਾਨੀ ਮੱਲ ਮੋਦੀ ਕਾਲਜ ਨੂੰ ਦਿੱਤਾ ਖ਼ੁਦਮੁਖ਼ਤਿਆਰ ਕਾਲਜ ਦਾ ਦਰਜਾ

ਪਟਿਆਲਾ, 8 ਦਸੰਬਰ (ਗੁਰਵਿੰਦਰ ਸਿੰਘ ਔਲਖ)-ਸਥਾਨਕ ਮੁਲਤਾਨੀ ਮੱਲ ਮੋਦੀ ਕਾਲਜ ਨੂੰ ਅਕਾਦਮਿਕ ਸਾਲ 2024-2025 ਤੋਂ ਖ਼ੁਦਮੁਖ਼ਤਿਆਰ ਕਾਲਜ ਦਾ ਦਰਜਾ ਪ੍ਰਦਾਨ ਕੀਤਾ ਗਿਆ ਹੈ। ਕਾਲਜ ਨੂੰ ਯੂਨੀਵਰਸਿਟੀ ਗਰਾਂਟਸ ਕਮਿਸ਼ਨ (ਯੂ.ਜੀ.ਸੀ.) ਦੁਆਰਾ ਹਾਲ ਹੀ ਵਿਚ ਇਸ ਦੀ ਅਰਜ਼ੀ ਦੇ ਜਵਾਬ ਵਿਚ ਯੂ.ਜੀ.ਸੀ. ਸਕੀਮ ਫ਼ਾਰ ਆਟੋਨੋਮਸ ਕਾਲਜ 2018 ਦੇ ਤਹਿਤ ਖ਼ੁਦਮੁਖ਼ਤਿਆਰੀ ਦਿੱਤੀ ਗਈ ਹੈ। ਇਸ ਪ੍ਰਾਪਤੀ ਬਾਰੇ ਫੈਕਲਟੀ ਅਤੇ ਸਟਾਫ਼ ਮੈਂਬਰਾਂ ਨੂੰ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਡਾ. ਨੀਰਜ ਗੋਇਲ ਨੇ ਕਿਹਾ ਯੂ.ਜੀ.ਸੀ. ਮਾਹਿਰਾਂ ਦੀ ਟੀਮ ਨੇ ਕਈ ਮਾਪਦੰਡਾਂ 'ਤੇ ਕਾਲਜ ਦਾ ਮੁਲਾਂਕਣ ਕੀਤਾ। ਇਹ ਤੱਥ ਜ਼ਿਕਰਯੋਗ ਹੈ ਕਿ ਪੰਜਾਬ ਦੇ ਕੁਝ ਕੁ ਕਾਲਜਾਂ ਨੇ ਹੀ ਖ਼ੁਦਮੁਖ਼ਤਿਆਰੀ ਦਾ ਦਰਜਾ ਪ੍ਰਾਪਤ ਕੀਤਾ ਹੈ। ਇਸ ਨਾਲ ਕਾਲਜ ਦੀ ਭਰੋਸੇਯੋਗਤਾ ਵਧੇਗੀ ਅਤੇ ਇਹ ਸਫਲਤਾ ਦੀ ਲੀਹ 'ਤੇ ਹੋਰ ਅੱਗੇ ਜਾਵੇਗਾ। ਉਨ੍ਹਾਂ ਦੱਸਿਆ ਕਿ ਕਾਲਜ ਨੂੰ ਇਹ ਦਰਜਾ ਪ੍ਰਾਪਤ ਹੋਣ ਨਾਲ ਇਹ ਪਿਛਲੇ ਸਾਲਾਂ ਵਾਂਗ ਪੂਰੀ ਤਨਦੇਹੀ ਅਤੇ ਲਗਨ ਨਾਲ ਵਿਦਿਆਰਥੀਆਂ ਨੂੰ ਸਮਾਜ ਅਤੇ ਰੁਜ਼ਗਾਰ ਦੀਆਂ ਜ਼ਰੂਰਤਾਂ ਅਨੁਸਾਰ ਮਿਆਰੀ ਸਿੱਖਿਆ ਪ੍ਰਦਾਨ ਕਰਦਾ ਰਹੇਗਾ। ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਮੈਂਬਰ ਪ੍ਰੋ. ਸੁਰਿੰਦਰ ਲਾਲ ਨੇ ਪ੍ਰਿੰਸੀਪਲ ਅਤੇ ਸਟਾਫ਼ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਾਲਜ ਲਗਾਤਾਰ ਤਰੱਕੀ ਦੀ ਰਾਹ 'ਤੇ ਹੈ। ਕਾਲਜ ਦੇ ਰਜਿਸਟਰਾਰ ਡਾ. ਅਜੀਤ ਕੁਮਾਰ ਨੇ ਇਸ ਮੌਕੇ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਇਹ ਖ਼ੁਦਮੁਖ਼ਤਿਆਰੀ ਦਾ ਦਰਜਾ ਕਾਲਜ ਲਈ ਸਮਾਜ ਅਤੇ ਉਦਯੋਗ ਦੀਆਂ ਲੋੜਾਂ ਨੂੰ ਪਛਾਣ ਕੇ ਪਾਠਕ੍ਰਮ ਤਿਆਰ ਕਰਨ, ਚੋਣਵੇਂ ਕੋਰਸ ਤਿਆਰ ਕਰਨ, ਹੋਰ ਵਿੱਦਿਅਕ ਸੰਸਥਾਵਾਂ ਨਾਲ ਸਹਿਯੋਗ ਵਿਚ ਕੰਮ ਕਰਨ ਅਤੇ ਵਿਦਿਆਰਥੀਆਂ ਦਾ ਨਿਰੰਤਰ ਮੁਲਾਂਕਣ ਕਰਨ ਲਈ ਸੁਵਿਧਾਜਨਕ ਬਣ ਜਾਵੇਗਾ। ਕਾਲਜ ਵਿਚ ਪਹਿਲਾ ਹੀ ਸਥਾਪਿਤ ਵਿਦਿਆਰਥੀ ਕੇਂਦਰਿਤ ਮਾਡਲ ਕਾਰਨ ਕਾਲਜ ਨੂੰ ਯੂਨੀਵਰਸਿਟੀ ਗਰਾਂਟਸ ਕਮਿਸ਼ਨ ਦੁਆਰਾ ਇਹ ਮਾਨਤਾ ਪ੍ਰਾਪਤ ਹੋਈ ਹੈ। ਇਸ ਮੌਕੇ 'ਤੇ ਕਾਲਜ ਦਾ ਸਮੂਹ ਸਟਾਫ਼ ਹਾਜ਼ਰ ਸੀ।



ਮੁਲਤਾਨੀ ਮੱਲ ਮੋਦੀ ਕਾਲਜ ਨੂੰ ਖ਼ੁਦਮੁਖ਼ਤਿਆਰ ਕਾਲਜ ਦੇ ਮਿਲੇ ਦਰਜੇ ਦੀ ਕਾਪੀ ਦਿਖਾਉਂਦੇ ਹੋਏ ਕਾਲਜ ਪ੍ਰਿੰਸੀਪਲ ਡਾ. ਨੀਰਜ ਗੋਇਲ ਤੇ ਹੋਰ। ਅਜੀਤ ਤਸਵੀਰ



ਨਵ-ਨਿਯੁਕਤ ਥਾਣਾ ਮੁਖੀ ਜਸਪ੍ਰੀਤ ਸਿੰਘ ਭਾਦਸੋਂ ਪ੍ਰੈੱਸ ਨਾਲ ਮੀਟਿੰਗ ਕਰਦੇ ਹੋਏ। ਤਸਵੀਰ : ਗੁਰਬਖਸ ਸਿੰਘ ਵੜੈਚ

# ਨਵ-ਨਿਯੁਕਤ ਥਾਣਾ ਮੁਖੀ ਜਸਪ੍ਰੀਤ ਸਿੰਘ ਨੇ ਭਾਦਸੋਂ ਪ੍ਰੈੱਸ ਨਾਲ ਕੀਤੀ ਮੀਟਿੰਗ

ਭਾਦਸੋਂ, 8 ਦਸੰਬਰ (ਗੁਰਬਖ਼ਸ਼ ਸਿੰਘ ਵੜੈਚ)-ਥਾਣਾ ਭਾਦਸੋਂ ਦੇ ਨਵ ਨਿਯੁਕਤ ਮੁੱਖੀ ਇੰਸਪੈਕਟਰ ਜਸਪ੍ਰੀਤ ਸਿੰਘ ਨੇ ਪ੍ਰੈਸ ਕਲੱਬ ਨਾਲ ਮੀਟਿੰਗ ਕਰਨ ਮੌਕੇ ਕਿਹਾ ਕਿ ਨਸ਼ਾ ਵੇਚਣ ਵਾਲਿਆਂ ਅਤੇ ਸਮਾਜ ਵਿਰੋਧੀ ਅਨਸਰਾਂ 'ਤੇ ਸ਼ਿਕੰਜਾ ਕੱਸਣ ਲਈ ਪਬਲਿਕ ਸਹਿਯੋਗ ਦੇਵੇ। ਉਨ੍ਹਾਂ ਕਿਹਾ ਕਿ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ, ਨਸ਼ਾ ਵੇਚਣ ਵਾਲਿਆਂ, ਗੁੰਡਾਗਰਦੀ ਕਰਨ ਵਾਲਿਆਂ ਤੇ ਸ਼ਰਾਰਤੀ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰਾਂ ਦੀ ਗੈਰ ਕਾਨੂੰਨੀ ਗਤੀਵਿਧੀ ਦਾ ਪਤਾ ਲੱਗਣ 'ਤੇ ਤੁਰੰਤ ਉਨ੍ਹਾਂ ਨਾਲ ਸੰਪਰਕ ਕੀਤਾ ਜਾਵੇ ਤਾਂ ਜੋ ਅਮਨ ਕਾਨੂੰਨ ਦੀ ਸਥਿਤੀ ਨੂੰ ਕਾਬੂ ਵਿਚ ਰੱਖਿਆ ਜਾ ਸਕੇ।



ਨੇੜਲੇ ਪਿੰਡ ਕਾਲਸਨਾਂ ਵਿਖੇ ਸ਼ੁਕਰਾਨਾ ਸਮਾਗਮ ਦੌਰਾਨ ਚੇਅਰਮੈਨ ਜੱਸੀ ਸੋਹੀਆਂ ਵਾਲਾ ਦਾ ਸਨਮਾਨ ਕਰਨ ਸਮੇਂ ਸਰਪੰਚ ਗੁਰਧਿਆਨ ਸਿੰਘ, ਗੁਰਕੀਰਤ ਸਿੰਘ। ਅਜੀਤ ਤਸਵੀਰ

# ਸਰਬਸੰਮਤੀ ਨਾਲ ਬਣੀ ਪੰਚਾਇਤ ਨੇ ਸ਼ੁਕਰਾਨਾ ਸਮਾਗਮ ਕਰਵਾਇਆ

ਭਾਦਸੋਂ, 8 ਦਸੰਬਰ (ਨਿੱਜੀ ਪੱਤਰ ਪ੍ਰੇਰਕ)-ਨੇੜਲੇ ਪਿੰਡ ਕਾਲਸਨਾਂ ਦੀ ਸਰਬਸੰਮਤੀ ਨਾਲ ਬਣੀ ਗ੍ਰਾਮ ਪੰਚਾਇਤ ਨੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਸਦਕਾ ਸ਼ੁਕਰਾਨੇ ਵਜੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਕਾਸ਼ ਕਰਵਾ ਕੇ ਪਾਠ ਦੇ ਭੋਗ ਪਾਏ। ਇਸ ਮੌਕੇ ਬੀਬੀ ਕੁਲਵੰਤ ਕੌਰ ਰਾਏਪੁਰ ਵਾਲਿਆਂ ਦੇ ਜਥੇ ਨੇ ਗੁਰਮਤਿ ਵਿਚਾਰਾਂ ਕੀਤੀਆਂ। ਇਸ ਮੌਕੇ ਜੱਸੀ ਸੋਹੀਆਂ ਵਾਲਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਨੇ ਕਿਹਾ ਕਿ ਪਿੰਡ ਦੇ ਵਿਕਾਸ ਲਈ ਗ੍ਰਾਂਟ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਗੁਰਕੀਰਤ ਸਿੰਘ ਰੈਹਿਲ, ਸਰਪੰਚ ਗੁਰਧਿਆਨ ਸਿੰਘ, ਕਰਨੈਲ ਸਿੰਘ ਪੰਚ, ਹਰਦੀਪ ਸਿੰਘ ਪੰਚ, ਨਿਰਮਲ ਸਿੰਘ ਪੰਚ, ਨਰੇਸ਼ ਰਾਣੀ ਪੰਚ, ਮਨਜੀਤ ਕੌਰ ਪੰਚ, ਬੇਅੰਤ ਸਿੰਘ ਰੈਹਿਲ, ਹਰਬੰਸ ਸਿੰਘ ਰੈਸਲ ਸਰਪੰਚ, ਡਾ. ਸੇਰ ਸਿੰਘ ਘੁੰਡਰ, ਹੈਪੀ ਗੋਬਿੰਦਪੁਰਾ ਪ੍ਰਧਾਨ ਰਾਜਪੂਤ ਮਹਾਂਸਭਾ, ਬਿੱਟੂ ਜੱਸੋਮਜਾਰਾ, ਨੰਬਰਦਾਰ ਰਾਜਿੰਦਰ ਸਿੰਘ, ਪਵਨਪ੍ਰੀਤ ਸਿੰਘ ਗਰਚਾ, ਬਲਵਿੰਦਰ ਸਿੰਘ ਨੰਬਰਦਾਰ, ਗੁਰਜੰਟ ਸਿੰਘ, ਲੱਖੀ ਸਕਰਾਲੀ, ਅਵਤਾਰ ਸਿੰਘ, ਗੁਰਜੀਤ ਸਿੰਘ ਗੁਰਮੇਲ ਸਿੰਘ ਤੋਂ ਇਲਾਵਾ ਸਮੂਹ ਗ੍ਰਾਮ ਪੰਚਾਇਤ ਤੇ ਪਿੰਡ ਵਾਸੀ ਹਾਜ਼ਰ ਸਨ।

# ਭਾਜਪਾ ਤੇ ਹਰਿਆਣਾ ਸਰਕਾਰ ਨੇ ਪੰਜਾਬ ਦੇ ਕਿਸਾਨਾਂ 'ਤੇ ਤਸ਼ੱਦਦ ਢਾਹ ਕੇ ਦਿੱਤਾ ਬੇਗਾਨਗੀ ਦਾ ਸਬੂਤ-ਰਾਮਿੰਦਰ ਸਿੰਘ

ਪਟਿਆਲਾ 8 ਦਸੰਬਰ (ਅ.ਸ. ਆਹਲੂਵਾਲੀਆ)-ਕਿਰਤੀ ਕਿਸਾਨ ਯੂਨੀਅਨ ਨੇ ਸ਼ੰਭੂ ਬਾਰਡਰ ਤੋਂ ਦਿੱਲੀ ਵੱਲ ਪੈਦਲ ਮਾਰਚ ਕਰ ਰਹੇ ਕਿਸਾਨਾਂ ਉੱਤੇ ਹੰਝੂ ਗੈਸ ਦੀ ਵਰਤੋਂ ਕਰਨ ਅਤੇ ਪਾਬੰਦੀਆਂ ਮੜ ਕੇ ਰੋਕਾਂ ਲਾਉਣ ਅਤੇ ਲੇਲੇਵਾਲਾ ਵਿਖੇ ਜ਼ਮੀਨ ਅਧਿਗ੍ਰਹਿਣ ਵਿਰੁੱਧ ਸੰਘਰਸ਼ ਕਰ ਰਹੇ ਕਿਸਾਨਾਂ ਉੱਤੇ ਪੁਲਿਸ ਜਬਰ ਕਰਨ ਦੀ ਪੁਰਜ਼ੋਰ ਨਿਖੇਧੀ ਕੀਤੀ ਹੈ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਰਾਮਿੰਦਰ ਸਿੰਘ ਨੇ ਕਿਹਾ ਹੈ ਕਿ ਪੰਜਾਬ ਦੇ ਸ਼ੰਭੂ ਸਮੇਤ ਹਰਿਆਣਾ ਨਾਲ ਲੱਗਦੇ ਬਾਕੀ ਬਾਰਡਰ ਸੀਲ ਕਰਕੇ ਭਾਜਪਾ ਦੀ ਕੇਂਦਰ ਅਤੇ ਹਰਿਆਣਾ ਸਰਕਾਰ ਇੱਕ ਤਰ੍ਹਾਂ ਨਾਲ ਪੰਜਾਬ ਦੇ ਕਿਸਾਨਾਂ ਅੰਦਰ ਬੇਗਾਨਗੀ ਦੀ ਭਾਵਨਾ ਦਾ ਅਹਿਸਾਸ ਕਰਵਾਇਆ ਹੈ। ਕੇਂਦਰ ਅਤੇ ਸੂਬਾ ਸਰਕਾਰਾਂ ਵਲੋਂ ਕੀਤਾ ਜਾ ਰਿਹਾ ਜਬਰ ਨਾ ਸਿਰਫ ਕਿਸਾਨਾਂ ਨਾਲ ਕਿਸੇ ਦੁਸ਼ਮਣ ਦੇਸ਼ ਦੇ ਨਾਗਰਿਕਾਂ ਵਾਂਗ ਵਿਹਾਰ ਦੇ ਬਰਾਬਰ ਹੈ ਬਲਕਿ ਸੰਘਰਸ਼ ਕਰਨ ਦੇ ਉਨ੍ਹਾਂ ਦੇ ਜਮਹੂਰੀ ਅਤੇ ਸੰਵਿਧਾਨਕ ਹੱਕ ਨੂੰ ਕੁਚਲਣ ਦੇ ਤਾਨਾਸ਼ਾਹੀ ਰੁਝਾਨ ਹੈ। ਕਿਰਤੀ ਕਿਸਾਨ ਯੂਨੀਅਨ ਨੇ ਕੇਂਦਰ ਅਤੇ ਸੂਬਾ ਸਰਕਾਰਾਂ ਤੋਂ ਮੰਗ ਕੀਤੀ ਹੈ ਕਿ ਦਿੱਲੀ ਵੱਲ ਸ਼ਾਂਤਮਈ ਪੈਦਲ ਮਾਰਚ ਕਰ ਰਹੇ ਅਤੇ ਲੇਲੇਵਾਲਾ ਵਿਖੇ ਜ਼ਮੀਨ ਅਧਿਗ੍ਰਹਿਣ ਵਿਰੁੱਧ ਸੰਘਰਸ਼ ਕਰ ਰਹੇ ਕਿਸਾਨਾਂ ਉੱਤੇ ਜਬਰ ਬੰਦ ਕੀਤਾ ਜਾਵੇ ਅਤੇ ਐਮ ਐਸ ਪੀ ਦੀ ਕਾਨੂੰਨੀ ਗਾਰੰਟੀ ਸਮੇਤ ਕਿਸਾਨਾਂ ਦੀਆਂ ਬਕਾਇਆ ਮੰਗਾਂ ਨੂੰ ਮੰਨਕੇ ਲਾਗੂ ਕੀਤਾ ਜਾਵੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਪੂਨੀਆ, ਜ਼ਿਲ੍ਹਾ ਸਕੱਤਰ ਦਲਜਿੰਦਰ ਸਿੰਘ ਹਰਿਆਊ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਕਿਸਾਨਾਂ ਨਾਲ ਮੰਗਾਂ ਮੰਨਣ ਦਾ ਲਿਖਤੀ ਵਾਅਦਾ ਕਰਕੇ ਵੀ ਮੁੱਕਰ ਗਈ। ਹੁਣ ਵੀ ਸਰਕਾਰ ਦੇ ਵਜ਼ੀਰ ਕਿਸਾਨਾਂ ਦੀ ਭਲਾਈ ਦੇ ਦਮਗਜ਼ੇ ਮਾਰਨ ਵਿੱਚ ਕੋਈ ਕਸਰ ਬਾਕੀ ਨਹੀ ਛੱਡਦੇ ਪਰ ਇਸਦੇ ਬਾਵਜੂਦ ਕਿਸਾਨਾਂ ਨਾਲ ਭੈੜਾ ਸਲੂਕ ਕੀਤਾ ਜਾ ਰਿਹਾ ਹੈ।



ਕਿਰਤੀ ਕਿਸਾਨ ਯੂਨੀਅਨ ਦੇ ਆਗੂ ਬੈਠਕ ਦੌਰਾਨ। ਅਜੀਤ ਤਸਵੀਰ

# ਆਜੀਵਿਕਾ ਮਿਸ਼ਨ ਵਲੋਂ ਬਲਬੇੜ੍ਹਾ 'ਚ ਲਿੰਗ ਅਧਾਰਿਤ ਹਿੰਸਾ ਦੇ ਵਿਰੋਧ ਵਜੋਂ ਵਿਸ਼ਾਲ ਰੈਲੀ

ਡਕਾਲਾ, 8 ਦਸੰਬਰ (ਰੋਹਿਤ ਪੰਜੋਲਾ)-ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਦੇ ਤਹਿਤ ਸਬਰੀ ਪ੍ਰਸਾਦਿ ਕਲਸਟਰ ਲੇਵਲ ਫੈਡਰੇਸ਼ਨ ਵਲੋਂ ਬਲਬੇੜਾ ਵਿਖੇ ਲਿੰਗ ਅਧਾਰਿਤ ਹਿੰਸਾ ਦੇ ਵਿਰੋਧ ਕਰਨ ਲਈ ਵਿਸ਼ਾਲ ਰੈਲੀ ਕੀਤੀ ਗਈ। ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰੋਗਰਾਮ ਮੈਨੇਜਰ ਨਵਦੀਪ ਸਿੰਘ ਸਿੰਘ ਗਰੇਵਾਲ ਨੇ ਮਿਸ਼ਨ ਵਲੋਂ ਲਿੰਗ ਆਧਾਰਿਤ ਹਿੰਸਾ ਖਿਲਾਫ ਚਲਾਈ ਜਾ ਰਹੀ ਨਵੀਂ ਚੇਤਨਾ ਮੁਹਿੰਮ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਗਰੇਵਾਲ ਨੇ ਇਹ ਵੀ ਕਿਹਾ ਕਿ ਆਜੀਵਿਕਾ ਮਿਸ਼ਨ ਪਿਛਲੇ ਲੰਮੇਂ ਸਮੇਂ ਤੋਂ ਔਰਤਾਂ ਨਾਲ ਹੁੰਦੇ ਵਿਤਕਰੇ ਅਤੇ ਹਿੰਸਾ ਖਿਲਾਫ ਆਪਣੀਆਂ ਮੀਟਿੰਗਾ ਰਾਂਹੀ ਲੋਕਾਂ ਨੂੰ ਜਾਗਰੂਕ ਕਰਦਾ ਆ ਰਿਹਾ ਹੈ। ਇਸ ਮੌਕੇ ਵੱਖ-ਵੱਖ ਪਿੰਡਾ ਤੋਂ ਆਏ ਸਮੂਹ ਮੈਂਬਰਾਂ ਵਲੋਂ ਆਪਣੀਆਂ ਜ਼ਿੰਦਗੀ ਵਿਚੋਂ ਤਜ਼ਰਬੇ ਸਾਂਝੇ ਕੀਤੇ ਗਏ। ਆਜੀਵਿਕਾ ਮਿਸ਼ਨ ਵਲੋਂ ਚਲਾਈ ਜਾ ਰਹੀ ਨਵੀਂ ਚੇਤਨਾ ਮੁਹਿੰਮ ਅਧੀਨ 25 ਨਵੰਬਰ ਤੋਂ 23 ਦਸੰਬਰ ਤੱਕ ਇੱਕ ਪ੍ਰਭਾਵਸ਼ਾਲੀ ਲਹਿਰ ਚਲਾ ਕੇ ਕੇ ਬੱਚੇ, ਬੱਚੀਆਂ ਅਤੇ ਔਰਤਾਂ ਨਾਲ ਹੁੰਦੀ ਹਿੰਸਾ ਖਿਲਾਫ ਲੋਕਾਂ ਨੂੰ ਚੇਤਨ ਕਰਕੇ ਇਸਦਾ ਵਿਰੋਧ ਕਰਕੇ ਉਤਸ਼ਾਹਿਤ ਕੀਤਾ ਜਾਵੇਗਾ। ਰੈਲੀ ਦੌਰਾਨ ਆਜੀਵਿਕਾ ਮਿਸ਼ਨ ਦੇ ਸਰਗਰਮ ਮੈਂਬਰ ਜਿਨ੍ਹਾਂ 'ਚ ਰਾਜ ਰਾਣੀ ਸੱਕਤਰ, ਪਰਮਜੀਤ ਕੌਰ ਨੌਗਾਵਾਂ,ਕਰਮਜੀਤ ਕੋਰ ਅਲੀਪੁਰਜੱਟਾ, ਅਮਨਦੀਪ ਕੌਰ ਕੁਲੇਮਾਜਰਾ, ਕਰਮਜੀਤ ਕੌਰ ਨੰਨਾਨਸੂੰ,ਸੰਤੋਸ਼ ਕੁਮਾਰੀ ਚੁਰਾਸੋ,ਜਸਪ੍ਰੀਤ ਕੌਰ ਪਹਾੜੀਪੁਰ, ਸੁਖਵਿੰਦਰ ਕੌਰ ਹੁਸੇਨ ਪੁਰ ਜੋਲਾ ਆਦਿ ਨੇ ਆਪਣੇ ਵਿਚਾਰ ਸਾਂਝੇ ਕੀਤੇ।




ਆਜੀਵਿਕਾ ਮਿਸ਼ਨ ਵਲੋਂ ਕਸਬਾ ਬਲਬੇੜ੍ਹਾ 'ਚ ਲਿੰਗ ਅਧਾਰਿਤ ਹਿੰਸਾ ਦੇ ਵਿਰੋਧ ਵਜੋਂ ਕੱਢੀ ਗਈ ਰੈਲੀ ਦਾ ਦ੍ਰਿਸ਼। ਅਜੀਤ ਤਸਵੀਰ



ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਮੇਲੇ ਵਿਚ ਸ਼ਿਰਕਤ ਕਰਦੇ ਹੋਏ। ਅਜੀਤ ਤਸਵੀਰ

# ਬਹਾਦਰਗੜ੍ਹ ਸਕੂਲ ਵਿਖੇ ਬਿਜ਼ਨਸ ਬਲਾਸਟਰ ਮੇਲਾ ਕਰਵਾਇਆ

ਬਹਾਦਰਗੜ੍ਹ, 8 ਦਸੰਬਰ (ਕੁਲਵੀਰ ਸਿੰਘ ਧਾਲੀਵਾਲ)-ਸਕੂਲ ਸਿੱਖਿਆ ਵਿਭਾਗ ਪੰਜਾਬ ਦੀ ਪਹਿਲ ਤਹਿਤ ਪ੍ਰਿੰਸੀਪਲ ਰੰਧਾਵਾ ਸਿੰਘ ਦੀ ਅਗਵਾਈ ਵਿਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਬਹਾਦਰਗੜ੍ਹ ਵਿਖੇ ਬਿਜ਼ਨਸ ਬਲਾਸਟਰ ਯੰਗ ਇੰਟਰਪਨਿਓਰ ਮੇਲਾ ਕਰਵਾਇਆ ਗਿਆ। ਮੇਲੇ ਵਿਚ ਮਹਿਮਾਨ ਦੇ ਤੌਰ 'ਤੇ ਵਿਧਾਇਕ ਹਲਕਾ ਸਨੌਰ ਹਰਮੀਤ ਸਿੰਘ ਪਠਾਣਮਾਜਰਾ ਨੇ ਸ਼ਿਰਕਤ ਕੀਤੀ। ਉਨ੍ਹਾਂ ਇਸ ਮੌਕੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਵਲੋਂ ਸਿੱਖਿਆ ਢਾਂਚੇ ਨੂੰ ਮਜ਼ਬੂਤ ਕਰਨ ਲਈ ਅਤੇ ਨੌਜਵਾਨਾਂ ਨੂੰ ਰੁਜ਼ਗਾਰ ਦਾਤੇ ਬਣਾਉਣ ਦੀ ਦਿਸ਼ਾ ਵਿਚ ਇਹ ਸ਼ਲਾਘਾਯੋਗ ਕਦਮ ਪੁੱਟੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਸਕੂਲ ਅਤੇ ਵਿਦਿਆਰਥੀਆਂ ਦੀ ਬਿਹਤਰੀ ਲਈ ਹਰ ਸੰਭਵ ਮਦਦ ਕੀਤੀ ਜਾਵੇਗੀ। ਪ੍ਰਿੰਸੀਪਲ ਰੰਧਾਵਾ ਸਿੰਘ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਪ੍ਰੋਗਰਾਮ ਦੀ ਸਫਲਤਾ ਲਈ ਮੁਬਾਰਕਬਾਦ ਦਿੱਤੀ। ਇਸ ਮੌਕੇ ਬਲਿਹਾਰ ਸਿੰਘ ਚੀਮਾ, ਗੁਰਮੀਤ ਸਿੰਘ ਗਿੱਲ, ਹਰਜੀਤ ਸਿੰਘ ਚਮਾਰਹੇੜੀ, ਬਲਜੀਤ ਸਿੰਘ ਚੇਅਰਮੈਨ ਐਸ.ਐਮ.ਸੀ, ਮਨਦੀਪ ਸਿੰਘ ਲੱਕੀ, ਮਲਕ ਸਿੰਘ ਬਹਾਦਰਗੜ੍ਹ, ਜਸਬੀਰ ਸਿੰਘ ਮਿੱਠੂ ਮਾਜਰਾ, ਸਨੀ ਮੱਲੀ, ਲਾਡੀ ਢਿੱਲੋਂ, ਰੋਹਿਤ ਕੁਮਾਰ, ਗੁਰਜੀਤ ਸਿੰਘ, ਦਿਲਬਾਗ ਸਿੰਘ, ਸੰਗੀਤਾ, ਇੰਦਰਪਾਲ ਸਿੰਘ ਆਦਿ ਮੌਜੂਦ ਸਨ।

# ਸਿੰਘ ਸਾਹਿਬਾਨਾਂ ਨੇ ਸਖ਼ਤ ਫੈਸਲਾ ਲੈ ਕੇ ਇਤਿਹਾਸਕ ਇਬਾਰਤ ਲਿਖੀ- ਮੋਣੀ ਭਾਂਖਰ

ਸਨੌਰ, 8 ਦਸੰਬਰ (ਸੋਖਲ)-ਸਿੱਖ ਕੌਮ ਦੀ ਸਰਵ ਉੱਚ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਨੇ ਸਿੱਖ ਸਿਆਸਤ ਸੰਬੰਧੀ ਜੋ ਫ਼ੈਸਲਾ ਲਿਆ ਹੈ, ਉਸ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿੱਖ ਪ੍ਰਭੂ ਸੱਤਾ ਦੀ ਆਨ ਤੇ ਸ਼ਾਨ ਨੂੰ ਬਹਾਲ ਕੀਤਾ ਹੈ। ਸਿੰਘ ਸਾਹਿਬਾਨ ਵਲੋਂ ਲਏ ਫੈਸਲੇ ਦੀ ਸ਼ਲਾਘਾ ਕਰਦਿਆਂ ਜਸਵਿੰਦਰ ਸਿੰਘ ਮੋਣੀ ਭਾਂਖਰ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਦੇ ਸੀਨੀਅਰ ਮੀਤ ਪ੍ਰਧਾਨ ਨੇ ਕਿਹਾ ਕਿ ਅਕਾਲੀ ਦਲ ਦੀ ਲੀਡਰਸ਼ਿਪ ਨੇ ਪਿਛਲੇ ਸਮਿਆਂ ਦੌਰਾਨ ਵੱਡੀਆਂ ਗ਼ਲਤੀਆਂ ਕੀਤੀਆਂ ਸਨ, ਜਿਸ ਦਾ ਸਿੱਖ ਕੌਮ ਨੂੰ ਖ਼ਮਿਆਜ਼ਾ ਭੁਗਤਣਾ ਪਿਆ ਹੈ। ਉਨ੍ਹਾਂ ਕਿਹਾ ਕਿ ਸਿੰਘ ਸਾਹਿਬਾਨ ਨੇ ਹਰੇਕ ਮੁੱਦੇ ਨੂੰ ਡੂੰਘਾਈ ਨਾਲ ਘੋਖਿਆ ਹੈ ਤੇ ਸਾਰਥਿਕ ਫ਼ੈਸਲੇ ਦਿੱਤੇ ਹਨ, ਜਿਸ ਨੂੰ ਸਿੱਖ ਕੌਮ ਬੇਸਬਰੀ ਨਾਲ ਉਡੀਕ ਰਹੀ ਸੀ। ਉਨ੍ਹਾਂ ਨੇ ਕਿਹਾ ਕਿ ਸਿੱਖ ਕੌਮ ਕੋਲ ਹੀ ਇਕ ਅਜਿਹਾ ਪ੍ਰਬੰਧ ਹੈ, ਜਿਥੇ ਲੀਡਰਸ਼ਿਪ ਨੂੰ ਕਟਹਿਰੇ ਵਿਚ ਖੜ੍ਹਾ ਕੀਤਾ ਜਾ ਸਕਦਾ ਹੈ ਅਤੇ ਆਪਣੀ ਕੌਮ ਪ੍ਰਤੀ ਜਵਾਬਦੇਹ ਬਣਾਇਆ ਜਾ ਸਕਦਾ ਹੈ।





ਹਲਕਾ ਸਨੌਰ ਦੇ ਵਿਧਾਇਕ ਪਠਾਣਮਜਰਾ ਆਪਣੇ ਸਾਥੀਆਂ ਨਾਲ ਹਲਕੇ ਦੇ ਵਿਕਾਸ ਲਈ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ। ਅਜੀਤ ਤਸਵੀਰ

# ਹਲਕਾ ਸਨੌਰ ਦੇ ਵਿਕਾਸ ਕਾਰਜ ਅੱਧਾ ਦਰਜਨ ਤੋਂ ਵੱਧ ਹੋਏ ਪੂਰੇ-ਵਿਧਾਇਕ ਪਠਾਣਮਜਰਾ

ਸਨੌਰ, 8 ਦਸੰਬਰ (ਸੋਖਲ)-ਮੁੱਖ ਮੰਤਰੀ ਪੰਜਾਬ ਅਤੇ ਉਨ੍ਹਾਂ ਦੀ ਟੀਮ ਪੰਜਾਬ ਨੂੰ ਜਿੱਥੇ ਇਕ ਵਾਰ ਫਿਰ ਤਰੱਕੀ ਦੀਆਂ ਲੀਹਾਂ 'ਤੇ ਚੱਲ ਰਿਹਾ ਹੈ। ਉੱਥੇ ਹੀ ਵਿਧਾਨ ਸਭਾ ਹਲਕਾ ਸਨੌਰ ਦੇ ਵਿਧਾਇਕ ਪਠਾਣਮਾਜਰਾ ਦੀ ਅਗਵਾਈ ਹੇਠ ਹਲਕਾ ਸਨੌਰ ਸਮੇਤ ਪਿੰਡਾਂ ਵਿਚ ਤਰੱਕੀ ਹੋ ਰਹੀ ਹੈ। ਇਸ ਸੰਬੰਧੀ ਹਲਕਾ ਵਿਧਾਇਕ ਪਠਾਣਮਜਰਾ ਨੇ 'ਅਜੀਤ' ਨਾਲ ਗੱਲਬਾਤ ਕਰਦਿਆ ਕਿਹਾ ਕਿ ਹਲਕੇ ਦੇ ਵਸਨੀਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਵਚਨਬੱਧ ਹਾਂ, ਜਿਸ ਦੇ ਚਲਦੇ ਅੱਧੇ ਦਰਜਨਾਂ ਤੋਂ ਵੱਧ ਵਾਅਦੇ ਪੂਰੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਦਿਨ ਪਹਿਲਾਂ ਉਨ੍ਹਾਂ ਸਨੌਰ ਦੀ ਫਿਰਨੀ ਦਾ ਮੁੱਦਾ ਬਹੁਤ ਲੰਮੇ ਸਮੇਂ ਤੋਂ ਚਲਿਆ ਆ ਰਿਹਾ ਸੀ। ਜਿਸ ਨੂੰ ਉਨ੍ਹਾਂ ਵਿਸ਼ੇਸ਼ ਕੋਟੇ ਅਧੀਨ ਪੰਜਾਬ ਸਰਕਾਰ ਤੋਂ ਇਹ ਸੜਕ 75 ਲੱਖ ਦੀ ਰਕਮ ਪਾਸ ਕਰਵਾ ਕੇ ਲਿਆਂਦੀ ਹੈ ਅਤੇ ਸਨੌਰ ਸ਼ਹਿਰ ਦੇ ਵੱਖ-ਵੱਖ ਵਾਰਡਾਂ ਅੰਦਰ ਵਿਕਾਸ ਕਾਰਜ ਕਰਨ ਲਈ ਯਤਨ ਕੀਤੇ ਜਾ ਰਹੇ ਹਨ। ਅਖੀਰ 'ਚ ਵਿਧਾਇਕ ਪਠਾਣਮਜਰਾ ਨੇ ਕਿਹਾ ਕਿ ਹਲਕੇ ਦੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਉਹ ਇਕ ਇਕ ਛੋਟੀ ਵੱਡੀ ਸਮੱਸਿਆਵਾਂ ਨੂੰ ਖ਼ਤਮ ਕਰ ਦੇਣਗੇ ਇਸ ਲਈ ਹਲਕੇ ਨਵੇਂ ਨਵੇਂ ਵਿਕਾਸ ਕਾਰਜਾਂ ਲਈ ਰੋਜ਼ਾਨਾ ਪੰਜਾਬ ਸਰਕਾਰ ਨਾਲ ਅਸੀਂ ਵਿਚਾਰ ਵਟਾਂਦਰਾ ਕਰ ਰਹੇ ਹਾਂ। ਇਸ ਮੌਕੇ ਹਰਦੇਵ ਸਿੰਘ ਘੜਾਮ, ਨਰਿੰਦਰ ਸਿੰਘ ਤੱਖਰ ਸੀਨੀਅਰ ਆਪ ਆਗੂ, ਯੁਵਰਾਜ ਸਿੰਘ ਕੰਬੋਜ, ਸ਼ਾਮ ਸਿੰਘ ਸ਼ਹਿਰੀ ਪ੍ਰਧਾਨ, ਤਰਸੇਮ ਸਿੰਘ ਸਨੌਰ, ਅਮਰ ਸੰਘੇੜਾ, ਬੱਬੂ ਐਮ.ਸੀ. ਸਨੌਰ, ਵਿਕਾਸ ਅਟਵਾਲ, ਸੁਰਜੀਤ ਸੈਕਟਰੀ ਭਾਂਖਰ, ਬਲਦੇਵ ਸਰੋਇਆ ਤੇ ਹੋਰ ਆਪ ਆਗੂ ਮੌਜੂਦ ਹਨ।



ਪਟਿਆਲਾ ਦੇ ਪੁਰਾਣੇ ਬੱਸ ਸਟੈਂਡ ਨੇੜੇ ਡਾ. ਬੀ.ਆਰ. ਅੰਬੇਡਕਰ ਨੂੰ ਸ਼ਰਧਾਂਜਲੀਆਂ ਭੇਟ ਕੀਤੇ ਜਾਣ ਦਾ ਦ੍ਰਿਸ਼। ਅਜੀਤ ਤਸਵੀਰ

# ਡਾ. ਅੰਬੇਡਕਰ ਦੇ ਮਹਾਂਪ੍ਰੀਨਿਰਵਾਣ ਦਿਵਸ ਮੌਕੇ ਸ਼ਰਧਾਂਜਲੀਆਂ ਭੇਟ

ਪਟਿਆਲਾ, 8 ਦਸੰਬਰ (ਗੁਰਵਿੰਦਰ ਸਿੰਘ ਔਲਖ)-ਮਾਨਵ ਅਧਿਕਾਰ ਸੁਰੱਖਿਆ ਫੋਰਮ ਅਤੇ ਐੱਸ.ਸੀ., ਬੀ.ਸੀ. ਲੋਕ ਏਕਤਾ ਫ਼ਰੰਟ ਵਲੋਂ ਕਨਵੀਨਰ ਅਵਤਾਰ ਸਿੰਘ ਕੈਂਥ ਅਤੇ ਫੋਰਮ ਦੇ ਪ੍ਰਧਾਨ ਹਰਪ੍ਰੀਤ ਸਿੰਘ ਐਡਵੋਕੇਟ ਦੀ ਅਗਵਾਈ ਵਿਚ ਪੁਰਾਣੇ ਬੱਸ ਸਟੈਂਡ ਨਜ਼ਦੀਕ ਮੋਮਬਤੀਆਂ ਜਗਾ ਕੇ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਨੂੰ ਉਨ੍ਹਾਂ ਦੇ ਮਹਾਂਪ੍ਰੀਨਿਰਵਾਣ ਦਿਵਸ ਮੌਕੇ 'ਤੇ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਮੌਕੇ ਮਾਨਵ ਅਧਿਕਾਰ ਸੁਰੱਖਿਆ ਫੋਰਮ ਦੇ ਪ੍ਰਧਾਨ ਹਰਪ੍ਰੀਤ ਸਿੰਘ ਸੋਢੀ ਐਡਵੋਕੇਟ ਅਤੇ ਐੱਸ.ਸੀ., ਬੀ.ਸੀ ਲੋਕ ਏਕਤਾ ਫ਼ਰੰਟ ਦੇ ਕਨਵੀਨਰ ਅਵਤਾਰ ਸਿੰਘ ਕੈਂਥ ਨੇ ਸਾਂਝੇ ਤੌਰ 'ਤੇ ਕਿਹਾ ਕਿ ਰਾਸ਼ਟਰ ਨਿਰਮਾਣ ਵਿਚ ਡਾ. ਬੀ.ਆਰ. ਅੰਬੇਡਕਰ ਦਾ ਬਹੁਤ ਵੱਡਾ ਯੋਗਦਾਨ ਹੈ, ਜਿਹੜੇ ਕਿ ਮਹਾਨ ਵਿਦਵਾਨਾਂ ਵਿਚੋਂ ਇਕ ਸਨ। ਡਾ. ਅੰਬੇਡਕਰ ਲਈ ਦੇਸ਼ ਹਿਤ ਸਭ ਤੋਂ ਉੱਪਰ ਸੀ। ਉਨ੍ਹਾਂ ਅੱਗੇ ਕਿਹਾ ਕਿ ਡਾ. ਅੰਬੇਡਕਰ ਨੇ ਜਿੱਥੇ ਸ਼ੋਸ਼ਿਤ, ਦਲਿਤਾਂ ਦੇ ਸਮਾਜਿਕ ਹਿਤਾਂ ਲਈ ਕਾਰਜ ਕੀਤੇ ਉੱਥੇ ਹੀ ਉਨ੍ਹਾਂ ਨੇ ਦੇਸ਼ ਦੀਆਂ ਔਰਤਾਂ ਦੇ ਅਧਿਕਾਰਾਂ ਲਈ ਵੀ ਲੜਾਈ ਲੜੀ। ਡਾ. ਅੰਬੇਡਕਰ ਨੇ ਸੰਘਰਸ਼ ਦੇ ਮੈਦਾਨ ਵਿਚ ਕਦੇ ਹਾਰ ਨਹੀਂ ਮੰਨੀ ਅਤੇ ਉਨ੍ਹਾਂ ਵਲੋਂ ਕੀਤੇ ਗਏ ਸੰਘਰਸ਼ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਇਸ ਮੌਕੇ ਸ਼ਿਵਾਜੀ ਧਾਰੀਵਾਲ, ਬਲਬੀਰ ਸਿੰਘ ਰਾਜੂ, ਸਰਵਜੀਤ ਸਿੰਘ ਚੋਪੜਾ, ਗੁਰਪਾਲ ਸਿੰਘ ਸਿੱਧੂ, ਨਾਰੰਗ ਸਿੰਘ, ਗੁਰਿੰਦਰ ਸਿੰਘ, ਰਾਜ ਕੁਮਾਰ, ਨਰਿੰਦਰ ਸਿੰਘ, ਰਮੇਸ਼ ਕੁਮਾਰ, ਜਸਬੀਰ ਸਿੰਘ, ਅਵਤਾਰ ਸਿੰਘ ਮਾਹੀ, ਅਨਿਲ ਕੁਮਾਰ ਅਤੇ ਮਹੇਸ਼ ਬਾਗੜੀ ਆਦਿ ਹਾਜ਼ਰ ਸਨ।



ਨਾਭਾ ਵਿਖੇ ਮੱਖਣ ਸਿੰਘ ਲਾਲਕਾ ਅਤੇ ਜਸਪਾਲ ਸਿੰਘ ਬਿੱਟੂ ਚੱਠਾ ਬਿੱਟੂ ਗੱਲਬਾਤ ਕਰਦੇ ਹੋਏ। ਤਸਵੀਰ : ਜਗਨਾਰ ਸਿੰਘ ਦੁਲੱਦੀ

# ਨਗਰ ਕੌਂਸਲ, ਨਗਰ ਨਿਗਮ ਤੇ ਨਗਰ ਪੰਚਾਇਤ ਦੀਆਂ ਚੋਣਾਂ ਲਈ ਸ਼੍ਰੋਮਣੀ ਅਕਾਲੀ ਦਲ ਤਿਆਰ-ਲਾਲਕਾ, ਚੱਠਾ

ਨਾਭਾ, 8 ਦਸੰਬਰ (ਜਗਨਾਰ ਸਿੰਘ ਦੁਲੱਦੀ)-ਸੂਬੇ ਵਿਚ ਹੋਣ ਜਾ ਰਹੀਆਂ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਨੇ ਪੂਰੀ ਤਰ੍ਹਾਂ ਤਿਆਰ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਅਤੇ ਜਸਪਾਲ ਸਿੰਘ ਬਿੱਟੂ ਚੱਠਾ ਹਲਕਾ ਇੰਚਾਰਜ ਦਿਹਾਤੀ ਪਟਿਆਲਾ ਦੀ ਅਗਵਾਈ ਹੇਠ ਚੋਣ ਪ੍ਰਬੰਧਾਂ ਨੂੰ ਲੈ ਕੇ ਕੀਤੀ ਗਈ ਮੀਟਿੰਗ ਉਪਰੰਤ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸਮੁੱਚੇ ਵਰਕਰ ਇਨ੍ਹਾਂ ਚੋਣਾਂ 'ਚ ਦ੍ਰਿੜਤਾ ਤੇ ਇਮਾਨਦਾਰੀ ਨਾਲ ਕੰਮ ਕਰ ਰਹੇ ਹਨ। ਦੋਵੇਂ ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਰ ਇਲਾਕੇ 'ਚ ਉਮੀਦਵਾਰਾਂ ਦੀ ਚੋਣ ਕਰਕੇ ਜ਼ਮੀਨੀ ਪੱਧਰ 'ਤੇ ਆਪਣੀ ਮਜ਼ਬੂਤੀ ਦਿਖਾਈ ਹੈ ਅਤੇ ਹਰ ਉਮੀਦਵਾਰ ਜਿੱਤ ਹਾਸਿਲ ਕਰਨ ਲਈ ਪੂਰੀ ਤਰ੍ਹਾਂ ਤਤਪਰ ਹੈ। ਉਨ੍ਹਾਂ ਕਿਹਾ ਕਿ ਹਰ ਹਲਕੇ 'ਚ ਲੋਕ ਸੰਪਰਕ ਮੁਹਿੰਮ ਸ਼ੁਰੂ ਕੀਤੀ ਗਈ ਹੈ ਜਿਸ ਦਾ ਪਾਰਟੀ ਨੂੰ ਇਨ੍ਹਾਂ ਚੋਣਾਂ 'ਚ ਭਰਪੂਰ ਲਾਭ ਮਿਲੇਗਾ। ਮੱਖਣ ਸਿੰਘ ਲਾਲਕਾ ਅਤੇ ਜਸਪਾਲ ਸਿੰਘ ਬਿੱਟੂ ਚੱਠਾ ਨੇ ਸਪਸ਼ਟ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਦੋਵੇਂ ਹਲਕਿਆਂ ਦੇ ਵਾਰਡਾਂ ਦੀ ਹਰ ਇਕ ਸੀਟ ਜਿੱਤਣ ਲਈ ਤਤਪਰ ਹੈ। ਦੋਵਾਂ ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਲੋਕ ਹਿਤਾਂ ਦੀ ਅਗਵਾਈ ਕਰ ਸਕਦੀ ਹੈ ਕਿਉਂਕਿ ਅਕਾਲੀ ਸਰਕਾਰ ਮੌਕੇ ਸ਼ਹਿਰਾਂ ਅਤੇ ਪਿੰਡਾਂ ਦਾ ਜੋ ਰਿਕਾਰਡ ਤੋੜ ਵਿਕਾਸ ਹੋਇਆ ਹੈ ਉਹ ਆਪਣੇ ਆਪ 'ਚ ਇਕ ਮਿਸਾਲ ਹੈ।



ਸਮਾਣਾ ਦੇ ਪਿੰਡ ਘਿਉਰਾ ਵਿਖੇ ਡਾ. ਭੀਮ ਰਾਓ ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਗੁਰਦੀਪ ਸਿੰਘ ਨੰਬਰਦਾਰ ਅਤੇ ਹੋਰ। ਤਸਵੀਰ : ਗੁਰਦੀਪ ਸ਼ਰਮਾ

# ਡਾ. ਅੰਬੇਡਕਰ ਦਾ ਪ੍ਰੀ-ਨਿਰਵਾਣ ਦਿਵਸ ਮਨਾਇਆ

ਸਮਾਣਾ, 8 ਦਸੰਬਰ (ਗੁਰਦੀਪ ਸ਼ਰਮਾ)-ਬੇਗਮਪੁਰਾ ਭਵਨ ਘਿਉਰਾ ਵਿਖੇ ਸੰਵਿਧਾਨ ਬਚਾਓ ਕਮੇਟੀ ਦੇ ਚੇਅਰਮੈਨ ਨੰਬਰਦਾਰ ਗੁਰਦੀਪ ਸਿੰਘ ਦੀ ਅਗਵਾਈ ਵਿਚ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦਾ ਪ੍ਰੀ-ਨਿਰਵਾਣ ਦਿਵਸ ਮਨਾਇਆ ਗਿਆ। ਨੰਬਰਦਾਰ ਗੁਰਦੀਪ ਸਿੰਘ ਨੇ ਆਖਿਆ ਕਿ ਡਾ. ਸਾਹਿਬ ਨੇ ਆਪਣਾ ਪੂਰਾ ਜੀਵਨ ਮਨੁੱਖਤਾ ਦੀ ਸੇਵਾ ਵਿਚ ਲਗਾਇਆ ਹੈ। ਉਨ੍ਹਾਂ ਦੇਸ਼ ਨੂੰ ਸੰਵਿਧਾਨ ਪ੍ਰਦਾਨ ਕਰਕੇ ਦੇਸ਼ ਦੇ ਨਿਰਮਾਣ ਵਿਚ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਹਰ ਵਰਗ ਨੂੰ ਬਰਾਬਰਤਾ ਦੇ ਹੱਕ ਲੈ ਕੇ ਦਿੱਤੇ। ਇਸ ਮੌਕੇ ਅੰਗਰੇਜ਼ ਸਿੰਘ, ਮਿੱਠੂ ਸਿੰਘ, ਦਰਸ਼ਨ ਸਿੰਘ, ਸੰਦੀਪ ਸਿੰਘ, ਟਹਿਲ ਸਿੰਘ, ਸੁਖਪਾਲ ਸਿੰਘ, ਅੱਕੀ ਦੇਵੀ ਅਤੇ ਗੁਰਵਿੰਦਰ ਸਿੰਘ ਆਦਿ ਨੇ ਬਾਬਾ ਸਾਹਿਬ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।



ਸਰਕਾਰੀ ਹਾਈ ਸਕੂਲ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਕਰਵਾਏ ਸਮਾਗਮ ਦੌਰਾਨ ਸਕੂਲ ਦੇ ਮੁਖੀ ਜਸਪਾਲ ਸਿੰਘ ਐੱਚ.ਡੀ.ਐੱਫ.ਸੀ. ਦੇ ਅਧਿਕਾਰੀਆਂ ਦਾ ਸਨਮਾਨ ਕਰਦੇ ਹੋਏ। ਤਸਵੀਰ : ਕਰਮਜੀਤ ਸਿੰਘ

# ਸ਼ਹੀਦੀ ਦਿਹਾੜਾ ਮਨਾਇਆ

ਨਾਭਾ, 8 ਦਸੰਬਰ (ਕਰਮਜੀਤ ਸਿੰਘ)-ਸਰਕਾਰੀ ਸਕੂਲ ਆਫ਼ ਐਮੀਨੈਂਸ ਮੰਡੌਰ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਹਰੇਕ ਸਾਲ ਵਾਂਗ ਵਿਦਿਆਰਥੀਆਂ ਵਲੋਂ ਸ਼ਬਦ ਕੀਰਤਨ ਕੀਤਾ ਗਿਆ। ਇਸ ਮੌਕੇ ਐੱਚ.ਡੀ.ਐੱਫ.ਸੀ. ਬੈਂਕ ਵਲੋਂ ਜੋ ਪਿੰਡ ਵਿਖੇ ਗਰੀਨ ਪ੍ਰਾਜੈਕਟ ਤਹਿਤ ਵਿਰਾਸਤੀ ਜੰਗਲ ਲਗਾਇਆ ਗਿਆ ਹੈ ਉਸ ਲਈ ਸਕੂਲ ਦੇ ਮੁੱਖ ਅਧਿਆਪਕ ਜਸਪਾਲ ਸਿੰਘ ਦੇ ਯੋਗਦਾਨ ਨੂੰ ਦੇਖਦਿਆਂ ਐੱਚ.ਡੀ.ਐੱਫ.ਸੀ. ਬੈਂਕ ਵਲੋਂ ਉਨ੍ਹਾਂ ਨੂੰ ਅੱਜ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਕਰਨ ਲਈ ਵਿਸ਼ੇਸ਼ ਤੌਰ 'ਤੇ ਜਸਵਿੰਦਰ ਸਿੰਘ ਸੀਨੀਅਰ ਮੈਨੇਜਰ ਪਹੁੰਚੇ। ਮੁੱਖ ਅਧਿਆਪਕ ਜਸਪਾਲ ਸਿੰਘ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਪ੍ਰਾਜੈਕਟ ਵਿਚ ਅਹਿਮ ਯੋਗਦਾਨ ਉਨ੍ਹਾਂ ਦਾ ਹੈ। ਇਸ ਮੌਕੇ ਉਨ੍ਹਾਂ ਗ੍ਰਾਮ ਪੰਚਾਇਤ ਮੰਡੌਰ ਅਤੇ ਹਰਜਸਪਾਲ ਸਿੰਘ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਜਸਪਾਲ ਸਿੰਘ ਵਲੋਂ ਐੱਚ.ਡੀ.ਐੱਫ.ਸੀ. ਬੈਂਕ ਦਾ ਧੰਨਵਾਦ ਕੀਤਾ ਅਤੇ ਉਮੀਦ ਕੀਤੀ ਕਿ ਮਨੁੱਖਤਾ ਦੀ ਸੰਭਾਲ ਲਈ ਅਤੇ ਵਾਤਾਵਰਨ ਦੀ ਸ਼ੁੱਧਤਾ ਲਈ ਇਹੋ ਜਿਹੇ ਪ੍ਰਾਜੈਕਟਾਂ ਦਾ ਪੰਜਾਬ ਦੀ ਧਰਤੀ ਤੇ ਲੱਗਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਮਨਪ੍ਰੀਤ ਸਿੰਘ ਅਤੇ ਸਟਾਫ਼ ਮੌਜੂਦ ਸੀ।



ਖ਼ਾਲਸਾ ਕਾਲਜ ਵਿਖੇ ਕਰਵਾਏ ਗਏ ਸਮਾਗਮ ਦਾ ਦ੍ਰਿਸ਼। ਅਜੀਤ ਤਸਵੀਰ

# ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ

ਪਟਿਆਲਾ, 8 ਦਸੰਬਰ (ਗੁਰਵਿੰਦਰ ਸਿੰਘ ਔਲਖ)-ਖ਼ਾਲਸਾ ਕਾਲਜ ਦੇ ਧਰਮ ਅਧਿਐਨ ਵਿਭਾਗ ਅਤੇ ਗੁਰਮਤਿ ਸੁਸਾਇਟੀ ਵਲੋਂ ਸਾਂਝੇ ਤੌਰ 'ਤੇ ਅੱਜ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਇਕ ਵਿਸ਼ੇਸ਼ ਗੁਰਮਤਿ ਸਮਾਗਮ ਕਾਲਜ ਦੇ ਗੁਰਦੁਆਰਾ ਸਾਹਿਬ ਵਿਖੇ ਕਰਵਾਇਆ ਗਿਆ। ਜਿਸ ਵਿਚ ਕਾਲਜ ਦੇ ਸਮੂਹ ਟੀਚਿੰਗ ਨਾਲ ਟੀਚਿੰਗ ਸਟਾਫ਼ ਅਤੇ ਵਿਦਿਆਰਥੀਆਂ ਨੇ ਸੰਗਤੀ ਰੂਪ ਵਿਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸਲੋਕਾਂ ਦਾ ਪਾਠ ਕੀਤਾ। ਉਪਰੰਤ ਆਨੰਦ ਸਾਹਿਬ ਬਾਣੀ ਪੜ੍ਹੀ ਗਈ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਸਮਾਜ ਵਿਚ ਭਾਈਚਾਰਕ ਸਾਂਝ ਦੀ ਅਜਿਹੀ ਮਿਸਾਲ ਹੈ ਜਿਸ ਦੀ ਉਦਾਹਰਣ ਦੁਨੀਆ ਵਿਚ ਹੋਰ ਕਿਧਰੇ ਨਹੀਂ ਮਿਲਦੀ। ਉਨ੍ਹਾਂ ਇਹ ਵੀ ਕਿਹਾ ਕਿ ਸਾਡੇ ਸਮਕਾਲ ਵਿਚ ਭਾਈਚਾਰਕ ਸਦਭਾਵਨਾ ਦੇ ਮਾਹੌਲ ਨੂੰ ਪ੍ਰਫੁੱਲਿਤ ਕਰਨ ਲਈ ਸਾਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਤੋਂ ਸੇਧ ਲੈਣੀ ਚਾਹੀਦੀ ਹੈ। ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਗੁਰਵੀਰ ਸਿੰਘ ਅਤੇ ਡਾ. ਦਵਿੰਦਰ ਸਿੰਘ ਪੰਜਾਬੀ ਵਿਭਾਗ ਨੇ ਇਸ ਸਾਰੇ ਸਮਾਗਮ ਦੇ ਪ੍ਰਬੰਧ ਦੀ ਜ਼ਿੰਮੇਵਾਰੀ ਬਾਖ਼ੂਬੀ ਪੂਰੀ ਕੀਤੀ।